ਪ੍ਰਭਾਤੀ ਮਹਲਾ ੧ ॥ ਮਨੁ ਮਾਇਆ ਮਨੁ ਧਾਇਆ ਮਨੁ ਪੰਖੀ ਆਕਾਸਿ ॥ ਤਸਕਰ ਸਬਦਿ ਨਿਵਾਰਿਆ ਨਗਰੁ ਵੁਠਾ ਸਾਬਾਸਿ ॥ ਜਾ ਤੂ ਰਾਖਹਿ ਰਾਖਿ ਲੈਹਿ ਸਾਬਤੁ ਹੋਵੈ ਰਾਸਿ ॥ ੧॥ ਐਸਾ ਨਾਮੁ ਰਤਨੁ ਨਿਧਿ ਮੇਰੈ ॥ ਗੁਰਮਤਿ ਦੇਹਿ ਲਗਉ ਪਗਿ ਤੇਰੈ ॥ ੧॥ ਰਹਾਉ ॥ ਮਨੁ ਜੋਗੀ ਮਨੁ ਭੋਗੀਆ ਮਨੁ ਮੂਰਖੁ ਗਾਵਾਰੁ ॥ ਮਨੁ ਦਾਤਾ ਮਨੁ ਮੰਗਤਾ ਮਨ ਸਿਰਿ ਗੁਰੁ ਕਰਤਾਰੁ ॥ ਪੰਚ ਮਾਰਿ ਸੁਖੁ ਪਾਇਆ ਐਸਾ ਬ੍ਰਹਮੁ ਵੀਚਾਰੁ ॥੨॥ ਘਟਿ ਘਟਿ ਏਕੁ ਵਖਾਣੀਐ ਕਹਉ ਨ ਦੇਖਿਆ ਜਾਇ ॥ ਖੋਟੋ ਪੂਠੋ ਰਾਲੀਐ ਬਿਨੁ ਨਾਵੈ ਪਤਿ ਜਾਇ ॥ ਜਾ ਤੂ ਮੇਲਹਿ ਤਾ ਮਿਲਿ ਰਹਾਂ ਜਾਂ ਤੇਰੀ ਹੋਇ ਰਜਾਇ ॥੩॥ ਜਾਤਿ ਜਨਮੁ ਨਹ ਪੂਛੀਐ ਸਚ ਘਰੁ ਲੇਹੁ ਬਤਾਇ ॥ ਸਾ ਜਾਤਿ ਸਾ ਪਤਿ ਹੈ ਜੇਹੇ ਕਰਮ ਕਮਾਇ ॥ ਜਨਮ ਮਰਨ ਦੁਖੁ ਕਾਟੀਐ ਨਾਨਕ ਛੂਟਸਿ ਨਾਇ ॥੪॥੧੦॥ {ਪੰਨਾ 1330}

ਪਦ ਅਰਥ:- ਧਾਇਆ—ਦੌੜਦਾ ਹੈ। ਪੰਖੀ—ਪੰਛੀ। ਆਕਾਸਿ—ਆਕਾਸ਼ ਵਿਚ। ਤਸਕਰ—(ਕਾਮਾਦਿਕ) ਚੋਰ। ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ। ਨਿਵਾਰਿਆ—ਦੂਰ ਕੀਤੇ, ਅੰਦਰੋਂ ਕੱਢੇ। ਨਗਰੁ—ਸਰੀਰ-ਨਗਰ। ਵੁਠਾ—ਵੱਸ ਪਿਆ, (ਸਰੀਰ-ਨਗਰ ਦਾ ਵਾਸੀ ਮਨ ਬਾਹਰ ਦੀ ਦੌੜ-ਭੱਜ ਛੱਡ ਕੇ ਸਰੀਰ ਦੇ ਅੰਦਰ ਟਿਕ ਗਿਆ)। ਰਾਸਿ—ਭਲੇ ਗੁਣਾਂ ਦੀ ਪੂੰਜੀ।1।

ਨਿਧਿ—ਖ਼ਜ਼ਾਨਾ। ਮੇਰੈ—ਮੇਰੇ ਪਾਸ, ਮੇਰੇ ਅੰਦਰ, ਮੇਰੇ ਹਿਰਦੇ ਵਿਚ। ਦੇਹਿ—(ਹੇ ਪ੍ਰਭੂ! ਤੂੰ) ਦੇਹ। ਲਗਉ—ਮੈਂ ਲਗਦਾ ਹਾਂ। ਪਗਿ—ਪੈਰ ਵਿਚ। ਤੇਰੈ ਪਗਿ—ਤੇਰੇ ਪੈਰ ਵਿਚ। ਲਗਉ ਪਗਿ ਤੇਰੈ—ਮੈਂ ਤੇਰੀ ਸਰਨ ਆਇਆ ਹਾਂ।1। ਰਹਾਉ।

ਜੋਗੀ—ਵਿਰਕਤ, ਦੁਨੀਆ ਵਲੋਂ ਉਦਾਸ। ਭੋਗੀਆ—ਦੁਨੀਆ ਦੇ ਭੋਗਾਂ ਵਿਚ ਪਰਵਿਰਤ। ਮਨ ਸਿਰਿ—ਮਨ ਦੇ ਸਿਰ ਉਤੇ। ਪੰਚ ਮਾਰਿ—ਕਾਮਾਦਿਕ ਪੰਜਾਂ ਨੂੰ ਮਾਰ ਕੇ। ਬ੍ਰਹਮੁ—ਰੱਬੀ ਸਿਫ਼ਤਿ-ਸਾਲਾਹ।2।

ਘਟਿ ਘਟਿ—ਹਰੇਕ ਸਰੀਰ ਵਿਚ। ਕਹਉ—ਮੈਂ (ਭੀ) ਆਖਦਾ ਹਾਂ। ਖੋਟੋ—ਖੋਟਾ ਜੀਵ, ਜਿਸ ਦੇ ਅੰਦਰ ਖੋਟ ਹੈ। ਰਾਲੀਐ—ਰੁਲਾਈਦਾ ਹੈ। ਪੂਠੋ ਰਾਲੀਐ—(ਗਰਭ ਜੋਨਿ ਵਿਚ) ਪੁੱਠਾ ਰੁਲਾਈਦਾ ਹੈ। ਪਤਿ—ਇੱਜ਼ਤ। ਰਜਾਇ—ਹੁਕਮ, ਮਰਜ਼ੀ।3।

ਸਚ ਘਰੁ—ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦਾ ਟਿਕਾਣਾ। ਲੇਹੁ ਬਤਾਇ—ਪੁੱਛ ਲਵੋ। ਜਾਤਿ ਪਤਿ— ਜਾਤ ਪਾਤ। ਨਾਇ—ਨਾਮ ਵਿਚ ਜੁੜ ਕੇ।4।

ਅਰਥ:- ਹੇ ਪ੍ਰਭੂ! ਤੇਰਾ ਨਾਮ ਸ੍ਰੇਸ਼ਟ ਰਤਨ ਹੈ। ਗੁਰੂ ਦੀ ਮਤਿ ਦੀ ਰਾਹੀਂ ਇਹ ਨਾਮ ਮੈਨੂੰ ਦੇਹ, ਮੈਂ ਤੇਰੀ ਸਰਨ ਆਇਆ ਹਾਂ। (ਮੇਹਰ ਕਰ ਤੇਰਾ ਇਹ ਨਾਮ) ਮੇਰੇ ਪਾਸ ਖ਼ਜ਼ਾਨਾ ਬਣ ਜਾਏ।1। ਰਹਾਉ।

(ਹੇ ਪ੍ਰਭੂ! ਤੇਰੇ ਨਾਮ-ਖ਼ਜ਼ਾਨੇ ਤੋਂ ਸੱਖਣਾ) ਮਨ (ਕਾਮਾਦਿਕ ਚੋਰਾਂ ਦੇ ਢਹੇ ਚੜ੍ਹ ਕੇ, ਸਦਾ) ਮਾਇਆ ਹੀ ਮਾਇਆ (ਲੋੜਦਾ ਹੈ), (ਮਾਇਆ ਦੇ ਪਿੱਛੇ ਹੀ) ਦੌੜਦਾ ਹੈ, ਮਨ (ਮਾਇਆ ਦੀ ਖ਼ਾਤਰ ਹੀ ਉਡਾਰੀਆਂ ਲਾਂਦਾ ਰਹਿੰਦਾ ਹੈ ਜਿਵੇਂ) ਪੰਛੀ ਆਕਾਸ਼ ਵਿਚ (ਉਡਾਰੀਆਂ ਲਾਂਦਾ ਹੈ, ਤੇ ਸਰੀਰ-ਨਗਰ ਸੁੰਞਾ ਪਿਆ ਰਹਿੰਦਾ ਹੈ, ਕਾਮਾਦਿਕ ਚੋਰ ਸ਼ੁਭ ਗੁਣਾਂ ਦੀ ਰਾਸਿ-ਪੂੰਜੀ ਲੁੱਟਦੇ ਰਹਿੰਦੇ ਹਨ)। ਜਦੋਂ ਗੁਰੂ ਦੇ ਸ਼ਬਦ ਦੀ ਰਾਹੀਂ ਇਹ ਚੋਰ (ਸਰੀਰ-ਨਗਰ ਵਿਚੋਂ) ਕੱਢ ਦੇਈਦੇ ਹਨ, ਤਾਂ (ਸਰੀਰ-) ਨਗਰ ਵੱਸ ਪੈਂਦਾ ਹੈ (ਭਾਵ, ਮਨ ਬਾਹਰ ਮਾਇਆ ਦੇ ਪਿੱਛੇ ਭਟਕਣੋਂ ਹਟ ਕੇ ਅੰਦਰ ਟਿਕ ਜਾਂਦਾ ਹੈ, ਤੇ ਇਸ ਨੂੰ) ਸੋਭਾ-ਵਡਿਆਈ ਮਿਲਦੀ ਹੈ। (ਪਰ, ਹੇ ਪ੍ਰਭੂ!) ਜਦੋਂ ਤੂੰ ਆਪ (ਇਸ ਮਨ ਦੀ) ਰਾਖੀ ਕਰਦਾ ਹੈਂ, (ਜਦੋਂ ਤੂੰ ਆਪ ਇਸ ਨੂੰ ਕਾਮਾਦਿਕ ਚੋਰਾਂ ਤੋਂ) ਬਚਾਂਦਾ ਹੈਂ, ਤਦੋਂ (ਮਨੁੱਖਾ ਸਰੀਰ ਦੀ ਸ਼ੁਭ ਗੁਣਾਂ ਦੀ) ਰਾਸਿ-ਮੂੜੀ, ਸਹੀ ਸਲਾਮਤ ਬਚੀ ਰਹਿੰਦੀ ਹੈ।1।

(ਜਿਤਨਾ ਚਿਰ ਮਨ ਦੇ ਸਿਰ ਉਤੇ ਗੁਰੂ ਦਾ ਕਰਤਾਰ ਦਾ ਕੁੰਡਾ ਨਾਹ ਹੋਵੇ ਤਦ ਤਕ) ਮਨ ਮੂਰਖ ਹੈ ਮਨ ਗੰਵਾਰ ਹੈ (ਆਪਣੇ ਮੂਰਖਪੁਣੇ ਵਿਚ ਕਦੇ ਇਹ) ਮਨ (ਮਾਇਆ ਤੋਂ ਨਫ਼ਰਤ ਕਰ ਕੇ) ਵਿਰਕਤ ਬਣ ਜਾਂਦਾ ਹੈ, ਕਦੇ ਮਨ ਦੁਨੀਆ ਦੇ ਭੋਗਾਂ ਵਿਚ ਰੁੱਝ ਜਾਂਦਾ ਹੈ (ਕਦੇ ਮਾਇਆ ਦੀ ਖ਼ੁਮਾਰੀ ਵਿਚ ਆਪਣੇ ਆਪ ਨੂੰ) ਦਾਨੀ ਸਮਝਦਾ ਹੈ (ਕਦੇ ਧਨ ਗਵਾਚਣ ਤੇ) ਕੰਗਾਲ ਬਣ ਜਾਂਦਾ ਹੈ।

ਜਦੋਂ ਮਨ ਦੇ ਸਿਰ ਉਤੇ ਗੁਰੂ ਰਾਖਾ ਬਣਦਾ ਹੈ, ਕਰਤਾਰ ਹੱਥ ਰੱਖਦਾ ਹੈ, ਤਦੋਂ ਇਹ ਸ੍ਰੇਸ਼ਟ ਰੱਬੀ ਸਿਫ਼ਤਿ-ਸਾਲਾਹ (ਦਾ ਖ਼ਜ਼ਾਨਾ ਲੱਭ ਪੈਂਦਾ ਹੈ, ਤੇ ਉਸਦੀ ਬਰਕਤਿ ਨਾਲ) ਕਾਮਾਦਿਕ ਪੰਜ ਚੋਰਾਂ ਨੂੰ ਮਾਰ ਕੇ ਆਤਮਕ ਆਨੰਦ ਮਾਣਦਾ ਹੈ।2।

ਹੇ ਪ੍ਰਭੂ! ਇਹ ਕਿਹਾ ਤਾਂ ਜਾਂਦਾ ਹੈ (ਭਾਵ, ਹਰੇਕ ਜੀਵ ਇਹ ਆਖਦਾ ਤਾਂ ਹੈ) ਕਿ ਤੂੰ ਹੀ ਹਰੇਕ ਸਰੀਰ ਵਿਚ ਮੌਜੂਦ ਹੈਂ, ਮੈਂ ਭੀ ਇਹ ਆਖਦਾ ਹਾਂ (ਪਰ ਨਿਰੇ ਆਖਣ ਨਾਲ ਹਰੇਕ ਵਿਚ) ਤੇਰਾ ਦਰਸਨ ਨਹੀਂ ਹੁੰਦਾ। ਅੰਦਰੋਂ ਖੋਟਾ ਹੋਣ ਕਰਕੇ ਜੀਵ (ਚੌਰਾਸੀ ਦੀ ਗਰਭ ਜੋਨਿ ਵਿਚ) ਪੁੱਠਾ (ਲਟਕਾ ਕੇ) ਰੋਲੀਦਾ ਹੈ, ਤੇਰਾ ਨਾਮ ਸਿਮਰਨ ਤੋਂ ਬਿਨਾ ਇਸ ਦੀ ਇੱਜ਼ਤ-ਆਬਰੋ ਭੀ ਚਲੀ ਜਾਂਦੀ ਹੈ। ਹੇ ਪ੍ਰਭੂ! ਜਦੋਂ ਤੂੰ ਆਪ ਮੈਨੂੰ ਆਪਣੇ ਚਰਨਾਂ ਵਿਚ ਜੋੜਦਾ ਹੈਂ, ਜਦੋਂ ਤੇਰੀ ਆਪਣੀ ਮੇਹਰ ਹੁੰਦੀ ਹੈ, ਤਦੋਂ ਹੀ ਮੈਂ ਤੇਰੀ ਯਾਦ ਵਿਚ ਜੁੜਿਆ ਰਹਿ ਸਕਦਾ ਹਾਂ।3।

ਹੇ ਨਾਨਕ! (ਪ੍ਰਭੂ ਹਰੇਕ ਜੀਵ ਦੇ ਅੰਦਰ ਮੌਜੂਦ ਹੈ, ਪ੍ਰਭੂ ਹੀ ਹਰੇਕ ਦੀ ਜਾਤਿ ਪਾਤ ਹੈ। ਵਖੇਵਿਆਂ ਵਿਚ ਪੈ ਕੇ) ਇਹ ਨਹੀਂ ਪੁੱਛਣਾ ਚਾਹੀਦਾ ਕਿ (ਫਲਾਣੇ ਦੀ) ਜਾਤਿ ਕੇਹੜੀ ਹੈ ਕਿਸ ਕੁਲ ਵਿਚ ਉਸ ਦਾ ਜਨਮ ਹੋਇਆ। (ਪੁੱਛਣਾ ਹੈ ਤਾਂ) ਪੁੱਛੋ ਕਿ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਕਿਸ ਹਿਰਦੇ-ਘਰ ਵਿਚ ਪਰਗਟ ਹੋਇਆ ਹੈ। ਜਾਤਿ ਪਾਤਿ ਤਾਂ ਜੀਵ ਦੀ ਉਹੀ ਹੈ ਜਿਹੋ ਜਿਹੇ ਜੀਵ ਕਰਮ ਕਮਾਂਦਾ ਹੈ।

ਜਨਮ ਮਰਨ (ਦੇ ਗੇੜ) ਦਾ ਦੁਖ ਤਦੋਂ ਹੀ ਦੂਰ ਹੁੰਦਾ ਹੈ ਜਦੋਂ ਜੀਵ ਪ੍ਰਭੂ ਦੇ ਨਾਮ ਵਿਚ ਜੁੜਦਾ ਹੈ। ਨਾਮ ਵਿਚ ਜੁੜਿਆਂ ਹੀ (ਕਾਮਾਦਿਕ ਪੰਜ ਚੋਰਾਂ ਤੋਂ) ਖ਼ਲਾਸੀ ਹੁੰਦੀ ਹੈ।4।10।